# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 23-03-2025**

ਰਾਸ਼ਟਰ, ਭਾਰਤੀ ਆਜ਼ਾਦੀ ਸੰਗਰਾਮ ਦੇ ਆਪਣੇ ਤਿੰਨ ਮਹਾਨ ਸ਼ਹੀਦਾਂ -ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ, ਉਨ੍ਹਾਂ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ। ਜਿਨ੍ਹਾਂ ਨੂੰ ਅੱਜ ਹੀ ਦੇ ਦਿਨ ਸਾਲ 1931 ਵਿੱਚ ਕੇਂਦਰੀ ਜੇਲ੍ਹ ਲਾਹੌਰ ਵਿੱਚ ਫਾਂਸੀ ਦਿੱਤੀ ਗਈ ਸੀ। ਇਨ੍ਹਾਂ ਬਹਾਦਰ ਇਨਕਲਾਬੀਆਂ 'ਤੇ 17 ਦਸੰਬਰ, 1928 ਨੂੰ ਇੱਕ ਬ੍ਰਿਟਿਸ਼ ਪੁਲਿਸ ਅਧਿਕਾਰੀ ਸਾਂਡਰਸ ਨੂੰ ਗੋਲੀ ਮਾਰਨ ਦਾ ਮੁਕੱਦਮਾ ਚਲਾਇਆ ਗਿਆ ਅਤੇ ਉਨ੍ਹਾਂ ਨੂੰ ਮੌਤ ਦੀ ਸਜ਼ਾ ਸੁਣਾਈ ਗਈ ਸੀ।

**ਪੇਸ਼ ਏ ਇਕ ਰਿਪੋਰਟ**

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਜ਼ਾਦੀ ਘੁਲਾਟੀਆਂ ਭਗਤ ਸਿੰਘ,

ਸੁਖਦੇਵ ਅਤੇ ਰਾਜਗੁਰੂ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਸੋਸ਼ਲ ਮੀਡੀਆ ਉੱਤੇ ਇੱਕ ਵੀਡੀਓ ਸਾਂਝਾ ਕਰਦੇ ਹੋਏ, ਸ਼੍ਰੀ ਮੋਦੀ ਨੇ ਇਨ੍ਹਾਂ ਕ੍ਰਾਂਤੀਕਾਰੀਆਂ ਦੀ ਸਰਬਉੱਚ ਕੁਰਬਾਨੀ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਆਜ਼ਾਦੀ ਅਤੇ ਨਿਆਂ ਲਈ ਕ੍ਰਾਂਤੀਕਾਰੀਆਂ ਦਾ ਬੇਮਿਸਾਲ ਸਾਹਸ ਅਤੇ ਸਰਬਉੱਚ ਬਲੀਦਾਨ ਦੇਸ਼ਵਾਸੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ।

---------------------------------------------------------------

**BYTE:**

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਹਾਨ ਸ਼ਹੀਦਾਂ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਨੂੰ ਓਨਾ ਦੇ ਸ਼ਹੀਦੀ ਦਿਹਾੜੇ ਤੇ ਨਮਨ ਕੀਤਾ ਏ। ਸੂਬਾ ਪੱਧਰੀ ਸਮਾਗਮ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਸਥਿਤ, ਸ਼ਹੀਦੇ ਆਜ਼ਮ ਭਗਤ ਸਿੰਘ ਦੇ ਜੱਦੀ ਪਿੰਡ ਖੱਟਕੜ ਕਲਾਂ ਵਿਚ ਕਰਵਾਇਆ ਜਾ ਰਿਹਾ ਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮੁਖ ਮਹਿਮਾਨ ਵਜੋਂ ਸ਼ਿਰਕਤ ਕਰ ਰਹੇ ਨੇ

। ਓਧਰ ਮੋਹਾਲੀ ਦੇ ਡਾ. ਅੰਬੇਦਕਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸ ਵਿਖੇ ਸ਼ਹੀਦੀ ਦਿਵਸ ਮੌਕੇ ਇੱਕ ਨਾਟਕ ਪੇਸ਼ ਕੀਤਾ ਗਿਆ , ਜਿਸ ਵਿੱਚ ਮਹਾਨ ਆਜ਼ਾਦੀ ਘੁਲਾਟੀਏ ਨੂੰ ਸ਼ਰਧਾਂਜਲੀ ਦਿੱਤੀ ਗਈ। ਵਿਦਿਆਰਥੀਆਂ ਨੇ ਨਾਟਕ ਰਾਹੀਂ ਲੋਕਾਂ ਖ਼ਾਸਕਰ ਨੌਜਵਾਨ ਪੀੜੀ ਤੇ ਵਿਦਿਆਰਥੀਆਂ ਨੂੰ ਪ੍ਰੇਰਣਾ ਦਿੱਤੀ। ਡਾਇਰੈਕਟਰ ਪ੍ਰਿੰਸੀਪਲ ਡਾ. ਭਵਨੀਤ ਭਾਰਤੀ ਨੇ ਕਿਹਾ ਕਿ ਵਿਦਿਆਰਥੀਆਂ ਵਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ।

----------------------------------------------------------

ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੁਕੇਸ਼ਨ ਫ਼ਰੀਦਕੋਟ ਵਿਖੇ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 'ਚੌਥਾ ਖ਼ੂਨਦਾਨ ਕੈਂਪ' ਲਗਾਇਆ ਗਿਆ। ਕੈਂਪ ਦੇ ਇੰਚਾਰਜ ਪ੍ਰੋ.ਬੀਰ ਇੰਦਰਜੀਤ ਸਿੰਘ ਨੇ ਦੱਸਿਆ ਕਿ ਇਸ ਖ਼ੂਨਦਾਨ ਕੈਂਪ ਵਿੱਚ 35 ਯੂਨਿਟ ਖ਼ੂਨਦਾਨ ਇਕੱਤਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਕੈਂਪ, ਕਾਲਜ ਦੇ ਰੈੱਡ ਰਿਬਨ ਕਲੱਬ, NSS ਵਿਭਾਗ, ਓਲਡ ਸਟੂਡੈਂਟਸ ਐਸੋਸੀਏਸ਼ਨ, ਬਲੱਡ ਬੈਂਕ, ਗੁਰੂ ਗੋਬਿੰਦ

ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫ਼ਰੀਦਕੋਟ ਦੇ ਸਹਿਯੋਗ ਨਾਲ ਲਗਾਇਆ ਗਿਆ।

-----------------------------------------------------

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬੇ ਦੇ ਆਬਕਾਰੀ ਮਾਲੀਏ ਵਿੱਚ ਪਿਛਲੇ ਤਿੰਨ ਸਾਲਾਂ ਵਿੱਚ ਬੇਮਿਸਾਲ ਵਾਧਾ ਹੋਇਆ ਏ, ਜੋ ਕਿ ਸਾਲ 2021-2022 ਦੇ 6 ਹਜ਼ਾਰ 254 ਕਰੋੜ ਰੁਪਏ ਦੇ ਮੁਕਾਬਲੇ 10 ਹਜ਼ਾਰ 200 ਕਰੋੜ ਤੋਂ ਵੱਧ ਹੋ ਗਿਆ ਏ। ਉਨ੍ਹਾਂ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਆਬਕਾਰੀ ਮਾਲੀਆ ਪੰਜ ਅੰਕਾਂ ਦੇ ਅੰਕੜੇ ਨੂੰ ਪਾਰ ਕਰੇਗਾ, ਅਤੇ ਇਸ ਦੇ ਵਿੱਤੀ ਸਾਲ 2024-25 ਲਈ ਮਿਥੇ ਗਏ 10 ਹਜ਼ਾਰ 145 ਕਰੋੜ ਰੁਪਏ ਦੇ ਟੀਚੇ ਨੂੰ ਪਾਰ ਕਰਨ ਦੀ ਸੰਭਾਵਨਾ ਏ। ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਆਬਕਾਰੀ ਵਿਭਾਗ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਸਾਲ ਈ-

ਟੈਂਡਰ ਪ੍ਰਕਿਰਿਆ ਦੀ ਸਫਲਤਾ ਨੇ ਪੰਜਾਬ ਆਬਕਾਰੀ ਵਿਭਾਗ ਲਈ ਲਗਾਤਾਰ ਚੌਥੇ ਸਾਲ ਸ਼ਾਨਦਾਰ ਵਿਕਾਸ ਦਾ ਮੁਕਾਮ ਤੈਅ ਕੀਤਾ ਏ ।

---------------------------------------------------------

ਲੋਕਾਂ ਦੀ ਚੰਗੀ ਸਿਹਤ ਅਤੇ ਭੋਜਨ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਸਰਕਾਰ ਦੇ ਨਿਰਦੇਸ਼ਾਂ ‘ਤੇ, ਮੋਹਾਲੀ ਜਿਲੇ ਦੇ ਖਰੜ ਖੇਤਰ ਵਿੱਚ ਇੱਕ ਸਾਂਝੀ ਨਿਰੀਖਣ ਅਤੇ ਨਿਗਰਾਨੀ ਮੁਹਿੰਮ ਸੁਰੂ ਕੀਤੀ ਏ । ਬਿਊਰੋ ਦੇ  ਬੁਲਾਰੇ ਨੇ ਕਿਹਾ ਕਿ ਜ਼ਿਲ੍ਹਾ ਸਿਹਤ ਅਧਿਕਾਰੀ ਅਤੇ ਖੁਰਾਕ ਸੁਰੱਖਿਆ ਵਿੰਗ ਮੋਹਾਲੀ ਦੀ ਅਗਵਾਈ ਹੇਠ ਕੀਤੀ ਕਾਰਵਾਈ  ਦਾ ਉਦੇਸ਼ ਭੋਜਨ ਸੁਰੱਖਿਆ ਨਿਯਮਾਂ ਦੀ ਸਖਤੀ ਨਾਲ ਪਾਲਣਾ ਕਰਨਾ ਸੀ। ਟੀਮ ਨੇ ਖਰੜ ਵਿੱਚ ਭੋਜਨ ਬਣਾਉਣ ਵਾਲੀਆਂ ਇਕਾਈਆਂ, ਭੋਜਨ ਵਿਕਰੇਤਾ ਸਟਾਲਾਂ, ਰੇਸਤਰਾਂ ਅਤੇ ਹੋਟਲਾਂ ਦਾ ਦੌਰਾ ਕੀਤਾ। ਕੁੱਲ ਪੰਜ ਥਾਵਾਂ ਦਾ ਨਿਰੀਖਣ ਕੀਤਾ ਗਿਆ, ਜਿਸ ਦੇ ਨਤੀਜੇ ਵਜੋਂ  ਸਫ਼ਾਈ ਦੇ ਮਿਆਰ ਵਿੱਚ ਕੁਤਾਹੀ ਦੇ ਚਲਦਿਆਂ ਇੱਕ ਚਲਾਨ ਜਾਰੀ ਕੀਤਾ ਗਿਆ ਅਤੇ ਖਾਧ ਪਦਾਰਥਾਂ ਦੇ ਪੰਜ ਨਮੂਨੇ ਲੈਕੇ ਫੋਰੈਂਸਿਕ ਸਾਇੰਸ ਲੈਬਾਰਟਰੀ ਨੂੰ ਭੇਜ ਦਿੱਤਾ ਗਿਆ ਏ

। ਅਧਿਕਾਰੀਆਂ ਨੇ ਚੇਤਾਵਨੀ ਦਿੱਤੀ ਕਿ ਭੋਜਨ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

-------------------------------------------------------

ਪਟਿਆਲਾ ਸਥਿਤ ਭਾਰਤੀ ਖੇਡ ਅਥਾਰਟੀ -NSNIS ਵਿਖੇ ਕਰਵਾਈ ਗਈ ਦੋ ਰੋਜ਼ਾ ਅੰਤਰ-ਰਾਸ਼ਟਰੀ ਕਾਨਫਰੰਸ ਦਾ ਸਮਾਪਤੀ ਸਮਾਗਮ ਗੰਭੀਰ ਵਿਚਾਰਾਂ ਦੇ ਪ੍ਰਗਟਾਵੇ ਨਾਲ ਸੰਪੂਰਨ ਹੋਇਆ । “ਹਰਮੋਨਾਈਜ਼ਿੰਗ ਮੂਵਮੈਂਟ: ਪੀਕ ਪਰਫਾਰਮੈਂਸ ਇੰਟੀ-ਗ੍ਰੇਟਿੰਗ ਯੋਗਾ ਵਿਦ ਸਪੋਰਟਸ ਸਾਇੰਸ” ਵਿਸ਼ੇ ‘ਤੇ, ਕਾਨਫਰੰਸ ਵਿੱਚ ਹਾਰਵਰਡ ਮੈਡੀਕਲ ਸਕੂਲ, ਅਮਰੀਕਾ ਦੇ ਐਸੋਸੀਏਟ ਪ੍ਰੋਫੈਸਰ ਡਾ. ਸਤਬੀਰ ਸਿੰਘ ਖਾਲਸਾ ਸਮੇਤ ਵੱਖ-ਵੱਖ ਬੁਲਾਰਿਆਂ ਨੇ “ਨੀਂਦ ਨੂੰ ਅਨੁਕੂਲਿਤ ਕਰਕੇ ਯੋਗ ਨਾਲ ਖੇਡ ਪ੍ਰਦਰਸ਼ਨ ਨੂੰ ਵਧਾਉਣਾ: ਵਿਗਿਆਨ ਅਤੇ ਖੋਜ ਸਬੂਤ” ਵਿਸ਼ੇ 'ਤੇ ਆਪਣੇ ਵਿਚਾਰ ਰੱਖੇ। ਯੋਗਾਸਨ ਇੰਡੀਆ ਦੇ ਸਕੱਤਰ ਜਨਰਲ ਅਤੇ ਵਿਸ਼ਵ ਯੋਗਾਸਨ ਦੇ ਪ੍ਰਧਾਨ ਡਾ: ਜੈਦੀਪ ਆਰੀਆ ਨੇ "ਐਥਲੀਟਾਂ ਦੇ ਪ੍ਰਦਰਸ਼ਨ ਨੂੰ ਵਧਾਉਣ ਵਿੱਚ ਯੋਗਾਸਨ, ਪ੍ਰਾਣਾਯਾਮ ਅਤੇ ਧਿਆਨ ਦੀ ਭੂਮਿਕਾ" ‘ਤੇ ਵਿਚਾਰ ਪੇਸ਼ ਕੀਤੇ । ਪੈਨਲ ਵਿਚਾਰ-

ਵਟਾਂਦਰਾ ਕਰਦਿਆਂ "ਸਾਰੀਆਂ ਖੇਡਾਂ ਲਈ ਯੋਗਾ ਦੇ ਲਾਭ", "ਖੇਡਾਂ ਦੇ ਮੁੜ ਵਸੇਬੇ ਅਤੇ ਅਥਲੀਟ ਰਿਕਵਰੀ ਵਿੱਚ ਉਪਚਾਰਕ ਯੋਗਾ ਦੀ ਭੂਮਿਕਾ" ਬਾਰੇ ਵਿਸ਼ਿਆਂ ਬਾਰੇ ਵਿਸ਼ਲੇਸ਼ਣ ਕੀਤਾ ਗਿਆ। ਵੱਖ-ਵੱਖ ਉੱਘੇ ਬੁਲਾਰਿਆਂ LNCPI ਦੇ ਸਾਬਕਾ ਪ੍ਰਿੰਸੀਪਲ ਪ੍ਰੋ. ਡਾ: ਐਮ.ਐਲ. ਕਮਲੇਸ਼, ਭਾਰਤੀ ਮਹਿਲਾ ਹਾਕੀ ਟੀਮ ਦੀ ਸਾਬਕਾ ਕਪਤਾਨ ਰਾਣੀ ਰਾਮਪਾਲ, ਤਨਜ਼ਾਨੀਆ ਤੋਂ ਯੋਗਾ ਅਧਿਆਪਕ ਮਰੀਅਮ ਮੁਹੰਮਦ ਮਾਰਕਸ ਸਮੇਤ ਹੋਰਾਂ ਨੇ ਇਨ੍ਹਾਂ ਸੈਸ਼ਨਾਂ ਵਿੱਚ ਯੋਗਦਾਨ ਪਾਇਆ।